**ਜੋਇ ਖਸਮੁ ਹੈ ਜਾਇਆ ॥ ਪੂਤਿ ਬਾਪੁ ਖੇਲਾਇਆ ॥ ਬਿਨੁ ਸ੍ਰਵਣਾ ਖੀਰੁ ਪਿਲਾਇਆ ॥੧॥ ਦੇਖਹੁ ਲੋਗਾ ਕਲਿ ਕੋ ਭਾਉ ॥ ਸੁਤਿ ਮੁਕਲਾਈ ਅਪਨੀ ਮਾਉ ॥੧॥ ਰਹਾਉ ॥ ਪਗਾ ਬਿਨੁ ਹੁਰੀਆ ਮਾਰਤਾ ॥ ਬਦਨੈ ਬਿਨੁ ਖਿਰ ਖਿਰ ਹਾਸਤਾ ॥ ਨਿਦ੍ਰਾ ਬਿਨੁ ਨਰੁ ਪੈ ਸੋਵੈ ॥ ਬਿਨੁ ਬਾਸਨ ਖੀਰੁ ਬਿਲੋਵੈ ॥ ੨॥ ਬਿਨੁ ਅਸਥਨ ਗਊ ਲਵੇਰੀ ॥ ਪੈਡੇ ਬਿਨੁ ਬਾਟ ਘਨੇਰੀ ॥ ਬਿਨੁ ਸਤਿਗੁਰ ਬਾਟ ਨ ਪਾਈ ॥ ਕਹੁ ਕਬੀਰ ਸਮਝਾਈ ॥੩॥੩॥** {ਪੰਨਾ 1194}

ਪਦਅਰਥ:- ਜੋਇ—ਇਸਤ੍ਰੀ (ਨੇ)। ਜਾਇਆ—ਜੰਮਿਆ, ਜਨਮ ਦਿੱਤਾ। ਪੂਤਿ—ਪੁੱਤਰ (ਮਨ) ਨੇ। ਖੇਲਾਇਆ—ਖੇਡੇ ਲਾਇਆ ਹੈ। ਸ੍ਰਵਣ—{Skt.—såvx—Flowing, trickling, oozing, (ਦੁੱਧ) ਵਗਣਾ, ਸਿੰਮਣਾ} ਥਣ। ਖੀਰੁ—ਦੁੱਧ।1।

ਕੋ—ਦਾ। ਭਾਉ—ਪ੍ਰਭਾਵ। ਸੁਤਿ—ਪੁੱਤਰ ਨੇ। ਮੁਕਲਾਈ—ਵਿਆਹ ਲਈ ਹੈ। ਮਾਉ—ਮਾਂ। ਕਲਿ—ਪ੍ਰਭੂ ਤੋਂ ਵਿਛੋੜਾ।1। ਰਹਾਉ।

ਨੋਟ:- ਇਸ ਸਾਰੇ ਸ਼ਬਦ ਵਿਚ ਕਬੀਰ ਜੀ ਮਾਇਆ ਦੇ ਪ੍ਰਭਾਵ ਦਾ ਹਾਲ ਦੱਸ ਰਹੇ ਹਨ, ਮਾਇਆ-ਵੇੜ੍ਹੇ ਜੀਵ ਦੀ ਦਸ਼ਾ ਬਿਆਨ ਕਰ ਰਹੇ ਹਨ; ਅਤੇ 'ਕਲਿ ਕੋ ਭਾਉ' ਲਫ਼ਜ਼ ਵਰਤਦੇ ਹਨ। ਇਹੀ ਲਫ਼ਜ਼ ਗੁਰੂ ਨਾਨਕ ਦੇਵ ਜੀ ਨੇ ਵਰਤੇ ਹਨ ਆਸਾ ਰਾਗ ਦੇ ਇਕ ਸ਼ਬਦ ਵਿਚ, ਜਿੱਥੇ ਆਪ ਮਾਇਆ-ਵੇੜ੍ਹੇ ਜਗਤ ਦੀ ਹਾਲਤ ਦੱਸਦੇ ਹਨ; ਆਪ ਫ਼ੁਰਮਾਂਦੇ ਹਨ:

ਤਾਲ ਮਦੀਰੇ ਘਟ ਕੇ ਘਾਟ ॥ ਦੋਲਕ ਦੁਨੀਆ ਵਾਜੈ ਵਾਜ ॥
ਨਾਰਦੁ ਨਾਚੈ ਕਲਿ ਕਾ ਭਾਉ ॥ ਜਤੀ ਸਤੀ ਕਹਿ ਰਾਖਹਿ ਪਾਉ ॥1॥

ਇਹਨਾਂ ਲਫ਼ਜ਼ਾਂ ਦੀ ਸਾਂਝ ਇਸ ਨਤੀਜੇ ਤੇ ਅਪੜਾਂਦੀ ਹੈ ਕਿ ਗੁਰੂ ਨਾਨਕ ਦੇਵ ਜੀ ਪਾਸ ਭਗਤ ਕਬੀਰ ਜੀ ਦੀ ਬਾਣੀ ਮੌਜੂਦ ਸੀ। ਮੂਰਤੀ-ਪੂਜਾ ਤੇ ਭਰਮਾਂ-ਵਹਿਮਾਂ ਦੇ ਹਨੇਰੇ ਵਿਚ ਫਸੇ ਹੋਏ ਭਾਰਤ ਵਿਚ ਜਦੋਂ ਗੁਰੂ ਨਾਨਕ ਦੇਵ ਜੀ ਕਿਸੇ ਰੱਬੀ-ਪਿਆਰੇ ਦੀ ਭਾਲ ਕਰਨ ਚੜ੍ਹੇ, ਤਾਂ ਇਹ ਕੁਦਰਤੀ ਗੱਲ ਸੀ ਕਿ ਜਿੱਥੇ-ਕਿਤੇ ਇਹਨਾਂ ਨੂੰ ਆਪਣੇ ਹਮ-ਖ਼ਿਆਲ ਦੀ ਦੱਸ ਪਏ, ਉਸ ਨੂੰ ਮਿਲਣ ਜਾਂ ਉਸ ਦੀ ਬਾਣੀ ਹਾਸਲ ਕਰਨ।

ਪਗ—ਪੈਰ। ਹੁਰੀਆ—ਛਾਲਾਂ। ਬਦਨ—ਮੂੰਹ। ਖਿਰ ਖਿਰ—ਖਿੜ ਖਿੜ। ਹਾਸਤਾ—ਹੱਸਦਾ ਹੈ। ਨਿਦ੍ਰਾ—ਮੋਹ ਦੀ ਨੀਂਦ। ਪੈ—ਬੇ-ਪਰਵਾਹ ਹੋ ਕੇ, ਲੰਮੀ ਤਾਣ ਕੇ। ਬਾਸਨ—ਭਾਂਡਾ। ਬਿਲੋਵੈ—ਰਿੜਕਦਾ ਹੈ।2।

ਅਸਥਨ—ਥਣ। ਗਊ—ਮਾਇਆ-ਰੂਪ ਗਾਂ। ਬਿਨੁ ਅਸਥਨ—ਥਣਾਂ ਤੋਂ ਬਿਨਾ ਹੈ, (ਭਾਵ, ਇਸ ਮਾਇਆ ਪਾਸੋਂ ਸੁਖ ਨਹੀਂ ਮਿਲਦੇ)। ਪੈਡੇ ਬਿਨੁ—(ਇਸ ਦਾ ਅਸਲਾ ਤਾਂ ਐਸਾ ਹੈ ਕਿ ਇਸ ਨੂੰ) ਕੋਈ ਪੈਂਡਾ ਨਹੀਂ। ਬਾਟ ਘਨੇਰੀ—ਲੰਮੀ ਵਾਟ। ਬਾਟ—ਜੀਵਨ ਦਾ ਸਹੀ ਰਸਤਾ।3।

ਅਰਥ:- ਹੇ ਲੋਕੋ! ਵੇਖੋ, ਕਲਿਜੁਗ ਦਾ ਅਜਬ ਪ੍ਰਭਾਵ ਪੈ ਰਿਹਾ ਹੈ (ਭਾਵ, ਪ੍ਰਭੂ ਤੋਂ ਵਿਛੜਨ ਕਰਕੇ ਜੀਵ ਉੱਤੇ ਅਜਬ ਦਬਾਉ ਪੈ ਰਿਹਾ ਹੈ)। (ਮਨ-ਰੂਪ) ਪੁੱਤਰ ਨੇ ਆਪਣੀ ਮਾਂ (-ਮਾਇਆ) ਨੂੰ ਵਿਆਹ ਲਿਆ ਹੈ।1। ਰਹਾਉ।

ਇਸਤ੍ਰੀ ਨੇ ਖਸਮ ਨੂੰ ਜਨਮ ਦਿੱਤਾ ਹੈ (ਭਾਵ, ਜਿਸ ਮਨ ਨੂੰ ਮਾਇਆ ਨੇ ਜਨਮ ਦਿੱਤਾ ਹੈ, ਉਹੀ ਇਸ ਨੂੰ ਭੋਗਣਹਾਰਾ ਬਣ ਜਾਂਦਾ ਹੈ)। ਮਨ-ਪੁੱਤਰ ਨੇ ਪਿਉ-ਜੀਵਾਤਮਾ ਨੂੰ ਖੇਡੇ ਲਾਇਆ ਹੋਇਆ ਹੈ। (ਇਹ ਮਨ) ਥਣਾਂ ਤੋਂ ਬਿਨਾ ਹੀ (ਜੀਵਾਤਮਾ ਨੂੰ) ਦੁੱਧ ਪਿਲਾ ਰਿਹਾ ਹੈ (ਭਾਵ, ਨਾਸਵੰਤ ਪਦਾਰਥਾਂ ਦੇ ਸੁਆਦ ਵਿਚ ਪਾ ਰਿਹਾ ਹੈ)।1।

(ਇਸ ਮਨ ਦੇ) ਕੋਈ ਪੈਰ ਨਹੀਂ ਹਨ, ਪਰ ਛਾਲਾਂ ਮਾਰਦਾ ਫਿਰਦਾ ਹੈ; (ਇਸ ਦਾ) ਮੂੰਹ ਨਹੀਂ, ਪਰ ਖਿੜ ਖਿੜ ਹੱਸਦਾ ਫਿਰਦਾ ਹੈ। (ਜੀਵ ਦਾ ਅਸਲਾ ਤਾਂ ਐਸਾ ਹੈ ਕਿ ਇਸ ਨੂੰ ਮਾਇਆ ਦੀ) ਨੀਂਦ ਨਹੀਂ ਵਿਆਪ ਸਕਦੀ ਸੀ,

ਪਰ (‘ਕਲਿ ਕੋ ਭਾਉ’ ਵੇਖੋ) ਜੀਵ ਲੰਮੀ ਤਾਣ ਕੇ ਸੁੱਤਾ ਪਿਆ ਹੈ; ਤੇ ਭਾਂਡੇ ਤੋਂ ਬਿਨਾ ਦੁੱਧ ਰਿੜਕ ਰਿਹਾ ਹੈ (ਭਾਵ, ਸ਼ੇਖ਼ ਚਿੱਲੀ ਵਾਂਗ ਘਾੜਤਾਂ ਘੜਦਾ ਰਹਿੰਦਾ ਹੈ)।2।

(ਇਸ ਮਾਇਆ-ਰੂਪ) ਗਾਂ ਪਾਸੋਂ ਸੁਖ ਤਾਂ ਨਹੀਂ ਮਿਲ ਸਕਦੇ, ਪਰ ਇਹ (ਮਨ ਨੂੰ) ਝੂਠੇ ਪਦਾਰਥਾਂ-ਰੂਪ ਦੁੱਧ ਵਿਚ ਮੋਹ ਰਹੀ ਹੈ। (ਆਪਣੇ ਅਸਲੇ ਅਨੁਸਾਰ ਤਾਂ ਇਸ ਜੀਵ ਨੂੰ ਕੋਈ ਭਟਕਣਾ ਨਹੀਂ ਸੀ ਚਾਹੀਦੀ, ਪਰ ‘ਕਲਿ ਕੋ ਭਾਉ’ ਵੇਖੋ) ਲੰਮੇ ਪੈਂਡੇ (ਚੌਰਾਸੀ ਦੇ ਗੇੜ ਵਿਚ) ਪਿਆ ਹੋਇਆ ਹੈ। ਹੇ ਕਬੀਰ! (ਇਸ ਜਗਤ ਨੂੰ) ਸਮਝਾ ਕੇ ਦੱਸ ਕਿ ਸਤਿਗੁਰੂ ਤੋ ਬਿਨਾ ਜੀਵਨ-ਸਫ਼ਰ ਦਾ ਸਹੀ ਰਸਤਾ ਨਹੀਂ ਲੱਭ ਸਕਦਾ।3। 3।

ਨੋਟ:- ‘ਬਿਨੁ ਸਤਿਗੁਰ ਬਾਟ ਨ ਪਾਈ’—ਇਸ ਤੁਕ ਤੋਂ ਸਾਫ਼ ਦਿੱਸਦਾ ਹੈ ਕਿ ਸਾਰੇ ਸ਼ਬਦ ਵਿਚ ‘ਕਲਿ ਕੋ ਭਾਉ’ ਦੇ ਕਾਰਨ ਜੀਵ ਦੇ ਕੁਰਾਹੇ ਪਏ ਹੋਣ ਦਾ ਹਾਲ ਦੱਸਿਆ ਹੈ। ਕਿਸੇ ਅਸੰਭਵ ਜਾਂ ਸੰਭਵ ਗੱਲ ਦਾ ਇੱਥੇ ਜ਼ਿਕਰ ਨਹੀਂ, ਜਿਵੇਂ ਕਿ ਕਈ ਟੀਕਾਕਾਰ ਲਿਖ ਰਹੇ ਹਨ। ‘ਬਾਟ’ ਤੋਂ ਖੁੰਝਣ ਦਾ ਜ਼ਿਕਰ ਹੈ, ਤੇ ਅਸਲ ‘ਬਾਟ’ ਗੁਰੂ ਤੋਂ ਹੀ ਮਿਲਦੀ ਹੈ।

ਸ਼ਬਦ ਦਾ ਭਾਵ:- ਗੁਰੂ ਦੀ ਰਾਹਬਰੀ ਤੋਂ ਬਿਨਾ ਮਨ ਮਾਇਆ ਦੀ ਨੀਂਦ ਵਿਚ ਸੁੱਤਾ ਰਹਿੰਦਾ ਹੈ। ਇਹੀ ਹੈ ਕਲਿਜੁਗ ਦਾ ਪ੍ਰਭਾਵ।